ਵੱਲੋ,

ਡਾਇਰੈਕਟਰ
ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ

ਰਜਿਸਟਰਾਰ।

1. ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ
2. ਡਾ. ਬੀ.ਆਰ.ਅੰਬੇਦਕਰ, ਨੈਸ਼ਨਲ ਇੰਸਟੀਚਿਊਟ ਆਫ ਟੈਕਨੋਲੋਜੀ, ਜਲੰਧਰ
3. ਇੰਡੀਅਨ ਇੰਸਟੀਚਿਊਟ ਆਫ ਟੈਕਨੋਲੋਜੀ, ਰੋਪੜ
4. ਸੰਤ ਲੌਗੋਵਾਲ ਇੰਸਟੀਚਿਊਟ ਆਫ ਇੰਜੀ: ਐਂਡ ਟੈਕ:, ਲੋਗੋਵਾਲ ਸੰਗਰੂਰ
5. ਥਾਪਰ ਇੰਸਟੀਚਿਊਟ ਆਫ ਇੰਜ: ਐਂਡ ਟੈਕਨਾਲੋਜੀ, ਪਟਿਆਲਾ
6. ਨੈਸ਼ਨਲ ਇੰਸਟੀਚਿਊਟ ਆਫ ਫਾਰਮਾਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ, ਮੋਹਾਲੀ।

ਮੀਮੋ ਨੰ: 276 /ਵੈਬ ਪੋਰਟਲ ਮਿਤੀ: 09/05/14

ਵਿਸ਼ਾ: <u>ਆਸ਼ੀਰਵਾਦ ਵੈਬ ਪੋਰਟਲ ਸਾਲ 2014-15 ਸਬੰਧੀ।</u>

ਉਪਰੋਕਤ ਵਿਸ਼ੇ ਸਬੰਧੀ ਦੱਸਿਆ ਜਾਂਦਾ ਹੈ ਕਿ ਜੁਲਾਈ 2014-15 ਤੋਂ ਆਸ਼ੀਰਵਾਦ ਵੈਬ ਪੋਰਟਲ ਦਾ ਕੰਮ ਐਸ.ਸੀ./ਓ.ਬੀ.ਸੀ. ਦੇ ਯੋਗ ਲਾਭਪਾਤਰੀ ਵਿਦਿਆਰਥੀਆਂ ਲਈ ਸ਼ੁਰੂ ਕੀਤਾ ਜਾਣਾ ਹੈ। ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਜੀ ਦੀ ਸੰਸਥਾ ਅਤੇ ਆਪ ਦੇ ਅਧੀਨ ਆਉਂਦੀਆਂ ਸੰਸਥਾਵਾਂ ਵਿੱਚ ਚੱਲ ਰਹੇ ਕੋਰਸਾਂ, ਜਿਵੇਂ ਕਿ ਡਿਗਰੀ, ਡਿਪਲੋਮਾ ਅਤੇ ਨਾਨ-ਏ.ਆਈ.ਸੀ.ਟੀ.ਈ. ਦੀਆਂ ਅੱਪਡੇਟਿਡ ਸੂਚੀਆਂ ਮਿਤੀ 14.05.2014 ਤੱਕ ਇਸ ਦਫ਼ਤਰ ਨੂੰ ਹਾਰਡ ਅਤੇ ਸਾਫ਼ਟ ਕਾਪੀਆਂ ਭੇਜੀਆਂ ਜਾਣ ਤਾਂ ਜੋ ਉਸੇ ਅਨੁਸਾਰ ਆਸ਼ੀਰਵਾਦ ਵੈਬ ਪੋਰਟਲ ਨੂੰ ਅੱਪਡੇਟ ਕਰਵਾਇਆ ਜਾ ਸਕੇ ਅਤੇ ਕੋਈ ਵੀ ਯੋਗ ਐਸ.ਸੀ./ਓ.ਬੀ.ਸੀ. ਲਾਭਪਾਤਰੀ ਵਿਦਿਆਰਥੀ ਸਕਾਲਰਸ਼ਿਪ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।ਜੇਕਰ ਆਪ ਵੱਲੋਂ ਸਮੇਂ ਸਿਰ ਸੂਚਨਾ ਨਹੀਂ ਭੇਜੀ ਜਾਂਦੀ ਤਾਂ ਇਹ ਕਿਆਸ ਕਰ ਲਿਆ ਜਾਵੇਗਾ ਕਿ ਪੋਰਟਲ ਤੇ ਆਪ ਜੀ ਦੀ ਸਾਲ 2013-14 ਦੀ ਹੀ ਸੂਚਨਾ ਫਾਈਨਲ ਹੈ। ਭਲਾਈ ਵਿਭਾਗ ਵੱਲੋਂ ਦੱਸੇ ਅਨੁਸਾਰ ਸੈਸ਼ਨ ਦੇ ਵਿਚਕਾਰ ਪੋਰਟਲ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ ਨਹੀਂ ਕੀਤੀ ਜਾ ਸਕੇਗੀ ਅਤੇ ਇਸ ਦੀ ਸਾਰੀ ਜਿੰਮੇਵਾਰੀ ਸਬੰਧਤ ਸੰਸਥਾ ਦੀ ਹੋਵੇਗੀ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ।

ਵਧੀਕ ਡਾਇਰੈਕਟਰ,
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।

ਪਿੱਠ ਅੰਕਣ ਨੰ: /ਸਕਾਲਰਸ਼ਿਪ ਮਿਤੀ:

ਉਪਰੋਕਤ ਦਾ ਉਤਾਰਾ ਪ੍ਰੋਗਰਾਮਰ ਮੁੱਖ ਦਫਤਰ ਨੂੰ ਵਿਭਾਗ ਦੀ ਵੈਬ ਸਾਈਟ ਤੇ ਪਾਉਣ ਲਈ ਭੇਜਿਆ ਜਾਂਦਾ ਹੈ।

ਵਧੀਕ ਡਾਇਰੈਕਟਰ,
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।